# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-08-2024**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਲਕੇ, ਨਵੀਂ ਦਿੱਲੀ ਵਿੱਚ ਪੁਲਿਸ ਖੋਜ ਅਤੇ ਵਿਕਾਸ ਬਿਊਰੋ ਦੇ 54ਵੇਂ ਸਥਾਪਨਾ ਦਿਵਸ ਸਮਾਗਮ ਵਿੱਚ ਸ਼ਾਮਲ ਹੋਣਗੇ।
- ਕੇਂਦਰੀ ਮੰਤਰੀ ਅਤੇ BJP ਆਗੂ ਰਵਨੀਤ ਸਿੰਘ ਬਿੱਟੂ, ਰਾਜਸਥਾਨ ਤੋਂ ਬਿਨਾ ਮੁਕਾਬਲਾ ਰਾਜ ਸਭਾ ਦੇ ਮੈਂਬਰ ਚੁਣੇ ਗਏ ਨੇ।
- ਜਲੰਧਰ ਸਮੇਤ ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਅੱਜ ਸ਼ਾਮ ਗਰਜ ਚਮਕ ਨਾਲ ਪਏ ਭਾਰੀ ਮੀਂਹ ਨੇ ਮੌਸਮ ਸੁਹਾਵਣਾ ਕੀਤਾ ।
- ਪੈਰਿਸ ਪੈਰਾਲੰਪਿਕਸ-2024 ਕੱਲ ਤੋਂ ਸ਼ੁਰੂ ਹੋਣਗੀਆਂ - ਕੇਂਦਰੀ ਖੇਡ ਮੰਤਰੀ ਡਾ: ਮਨਸੁਖ ਮਾਂਡਵਿਆ ਨੇ ਨਾਗਰਿਕਾਂ ਨੂੰ "ਚੀਅਰ

4 ਭਾਰਤ" ਦੇ ਨਾਅਰੇ ਲਗਾ ਕੇ ਅਥਲੀਟਾਂ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

---------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਭਲਕੇ ਨਵੀਂ ਦਿੱਲੀ ਵਿੱਚ ਪੁਲਿਸ ਖੋਜ ਅਤੇ ਵਿਕਾਸ ਬਿਊਰੋ ਦੇ 54ਵੇਂ ਸਥਾਪਨਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਗ੍ਰਿਹ ਮੰਤਰੀ "ਨਵਾਂ ਅਪਰਾਧਿਕ ਕਾਨੂੰਨ - ਨਾਗਰਿਕ ਕੇਂਦਰਿਤ ਸੁਧਾਰ" ਵਿਸ਼ੇ 'ਤੇ ਡਾ: ਆਨੰਦ ਸਵਰੂਪ ਗੁਪਤਾ ਯਾਦਗਾਰੀ ਭਾਸ਼ਣ ਦੇਣਗੇ। ਸ੍ਰੀ ਸ਼ਾਹ ਸਾਲ 2023 ਅਤੇ 2024 ਲਈ ਵਿਸ਼ੇਸ਼ ਸੇਵਾਵਾਂ ਲਈ ਰਾਸ਼ਟਰਪਤੀ ਮੈਡਲ ਪ੍ਰਾਪਤ ਕਰਨ ਵਾਲਿਆਂ ਦਾ ਸਨਮਾਨ ਵੀ ਕਰਨਗੇ। ਸਮਾਗਮ ਦੌਰਾਨ ਗ੍ਰਿਹ ਮੰਤਰੀ ਬਿਊਰੋ ਦੇ ਪ੍ਰਕਾਸ਼ਨ, ਭਾਰਤੀ ਪੁਲਿਸ ਜਰਨਲ ਦਾ ਵਿਸ਼ੇਸ਼ ਸੰਸਕਰਣ ਵੀ ਜਾਰੀ ਕਰਨਗੇ। ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਬਿਊਰੋ, ਪੁਲਿਸਿੰਗ ਵਿੱਚ ਉੱਤਮਤਾ ਨੂੰ ਉਤਸ਼ਾਹਤ ਕਰਨ ਲਈ ਪੁਲਿਸ ਦੇ ਥਿੰਕ ਟੈਂਕ ਵਜੋਂ ਕੰਮ ਕਰਦਾ ਏ।

---------------------------------------------------

ਕੇਂਦਰੀ ਮੰਤਰੀ ਅਤੇ BJP ਆਗੂ ਰਵਨੀਤ ਸਿੰਘ ਬਿੱਟੂ, ਰਾਜਸਥਾਨ ਤੋਂ ਬਿਨਾ ਮੁਕਾਬਲਾ ਰਾਜ ਸਭਾ ਦੇ ਮੈਂਬਰ ਚੁਣੇ ਗਏ ਨੇ । ਇਹ ਸੀਟ ਕਾਂਗਰਸ ਮੈਂਬਰ ਪਾਰਲੀਮੇਂਟ ਕੇ. ਸੀ. ਵੇਨੂਗੋਪਾਲ ਦੇ ਅਸਤੀਫੇ ਤੋਂ ਬਾਅਦ ਖਾਲੀ ਹੋਈ ਸੀ। ਅੱਜ ਇਸ ਰਾਜ ਸਭ ਸੀਟ ਲਈ ਦਾਖਲ ਹੋਈਆਂ ਨਾਮਜ਼ਦਗੀਆਂ ਨੂੰ ਵਾਪਿਸ ਲੈਣ ਦੀ ਆਖਰੀ ਤਰੀਕ ਸੀ।

---------------------------------------------------

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਵੱਲੋਂ ਦੇਸ਼ ਭਰ ਵਿੱਚ ਸਰਕਾਰ ਦੀਆਂ ਭਲਾਈ ਯੋਜਨਾਵਾਂ ਦੀ ਥੀਮ ਉੱਤੇ ਵੱਖੋ-ਵੱਖ ਥਾਵਾਂ 'ਤੇ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਏ । ਇਸੇ ਲੜੀ ਦੇ ਤਹਿਤ ਪਟਿਆਲਾ ਦੇ ਸਰਕਾਰੀ ਮਹਿੰਦਰਾ ਕਾਲਜ ਵਿੱਚ ਉਕਤ ਥੀਮ 'ਤੇ ਅੱਜ ਤੋਂ ਤਿੰਨ ਰੋਜ਼ਾ ਚਿੱਤਰ ਪ੍ਰਦਰਸ਼ਨੀ ਲਾਈ ਗਈ ਏ । ਜ਼ਿਲੇ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਉਨ੍ਹਾਂ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਵੱਖੋ ਵੱਖ

ਯੋਜਨਾਵਾਂ ਚਲਾਈਆਂ ਜਾਂਦੀਆਂ ਨੇ । ਇਸੇ ਲੜੀ ਦੇ ਤਹਿਤ ਲੋਕਾਂ ਨੂੰ ਜਾਗਰੂਕ ਕਰਨ ਲਈ ਇਸ ਚਿੱਤਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ ਏ । ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਨੂੰ ਸਵੱਛਤਾ ਮੁਹਿੰਮ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਇਸ ਅਭਿਆਨ ਨੂੰ ਸਫਲ ਬਣਾਉਣ ਲਈ ਹਰ ਦੇਸ਼ਵਾਸੀਆ ਨੂੰ ਅੱਗੇ ਆਉਣਾ ਪਵੇਗਾ।

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨ ਅੰਮ੍ਰਿਤਸਰ ਦੇ ਮੁਖੀ ਗੁਰਮੀਤ ਸਿੰਘ ਨੇ ਕਿਹਾ ਕਿ ਮੰਤਰਾਲੇ ਵੱਲੋਂ ਲਾਈ ਗਈ ਚਿੱਤਰ ਪ੍ਰਦਰਸ਼ਨੀ ਦੇ ਜ਼ਰੀਏ ਵੱਖੋ ਵੱਖ ਮੰਤਰਾਲਿਆਂ ਦੀਆਂ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਏ । ਇਸ ਦੌਰਾਨ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਲੇਖ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵੱਖੋ ਵੱਖ ਕਾਲਜਾਂ ਨੇ ਹਿੱਸਾ ਲਿਆ। ਇਸ ਮੌਕੇ ਨੁੱਕੜ ਨਾਟਕ ਸਣੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਲੋਕਾਂ ਦਾ ਦਿਲ ਜਿੱਤ ਲਿਆ।

---------------------------------------------------

ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ BJP ਸੰਸਦ ਮੈਂਬਰ ਅਤੇ ਫਿਲਮ

ਅਦਾਕਾਰਾ ਕੰਗਨਾ ਰਣੌਤ ਦੀ ਫਿਲਮ 'ਐਮਰਜੈਂਸੀ' 'ਤੇ ਰੋਕ ਲਗਾਉਣ ਦੀ ਮੰਗ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਜਨਹਿਤ ਪਟੀਸ਼ਨ ਦਾਇਰ ਕੀਤੀ ਗਈ ਏ । ਇਹ ਪਟੀਸ਼ਨ ਐਡਵੋਕੇਟ ਇਮਾਨ ਸਿੰਘ ਖਾਰਾ ਅਤੇ ਐਡਵੋਕੇਟ ਦੀਪ-ਇੰਦਰ ਸਿੰਘ ਵਿਰਕ ਵੱਲੋਂ ਦਾਇਰ ਕੀਤੀ ਗਈ ਏ । ਇਸ ਪਟੀਸ਼ਨ ਵਿੱਚ ਕਿਹਾ ਗਿਆ ਏ, ਕਿ ਫਿਲਮ ਵਿੱਚ ਇਕ ਖਾਸ ਵਰਗ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਏ । ਇਹ ਫਿਲਮ 6 ਸਤੰਬਰ ਨੂੰ ਰਿਲੀਜ਼ ਹੋਵੇਗੀ ।

-----------------------------------------------------

ਕੋਲਕੱਤਾ  ਵਿਖੇ ਮਹਿਲਾ ਡਾਕਟਰ ਨਾਲ ਜਬਰ ਜਨਾਹ ਅਤੇ ਕਤਲ ਅਤੇ ਔਰਤਾਂ ਤੇ ਹੁੰਦੇ ਅਤਿਆਚਾਰ ਦੇ ਵਿਰੋਧ ਵਿੱਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਫਤਿਹਗੜ੍ਹ ਸਾਹਿਬ ਵਿਖੇ ਚੱਲ ਰਹੀਆਂ ਵਿਦਿਆ ਦੀਆਂ ਪ੍ਰਮੁੱਖ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਸ਼ਾਂਤੀ ਮਾਰਚ ਕੱਢਿਆ ਗਿਆ,  ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ ਦੇ ਗੇਟ ਤੋਂ ਹੁੰਦਾ ਹੋਇਆ  , ਬਾਬਾ ਬੰਦਾ ਸਿੰਘ ਬਹਾਦਰ ਚੌਂਕ ਜੋਤੀ ਸਰੂਪ ਸਾਹਿਬ ਵਿਖੇ ਜਾ ਕੇ ਸਮਾਪਤ

ਹੋਇਆ, ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸਲੋਗਨ ਵੀ ਹੱਥਾਂ ਵਿੱਚ ਫੜੇ ਹੋਏ ਸਨ । ਇਸ ਸ਼ਾਂਤੀ ਮਾਰਚ ਵਿੱਚ  ਮਾਤਾ ਗੁਜਰੀ ਕਾਲਜ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਤੇ ਬਾਬਾ ਬੰਦਾ ਸਿੰਘ ਬਹਾਦਰ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ । ਵੱਖੋ ਵੱਖ ਬੁਲਾਰਿਆਂ ਨੇ  ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ।

-----------------------------------------------------------

ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਵੱਚ ਉਤਸ਼ਾਹਿਤ ਕਰਨ ਲਈ ਸਫਲ ਉਪਰਾਲੇ ਕੀਤੇ ਗਏ ਨੇ ਇਸੇ ਤਹਿਤ, ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਜਨਮ ਦਿਨ ’ਤੇ ਕੌਮੀ ਖੇਡ ਦਿਵਸ ਦੀ ਯਾਦ ਵਿੱਚ 29 ਅਗਸਤ ਨੂੰ ‘ਖੇਡਾਂ ਵਤਨ ਪੰਜਾਬ ਦੀਆਂ’ ਖੇਡ ਮੁਕਾਬਲਾ ਸ਼ੁਰੂ ਕੀਤਾ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਦੋ ਮਹੀਨੇ ਤੋਂ ਵੱਧ ਸਮੇਂ ਤੱਕ ਚੱਲਣ ਵਾਲੇ ਇਸ ਖੇਡ ਮੇਲੇ ਦਾ ਆਗਾਜ਼ ਸੰਗਰੂਰ ਦੇ ਵਾਰ ਹੀਰੋਜ਼

ਸਟੇਡੀਅਮ ਤੋਂ ਹੋਵੇਗਾ। ਇਸ ਵਾਰ 37 ਖੇਡਾਂ ਦੇ ਨੌਂ ਉਮਰ ਵਰਗਾਂ ਵਿੱਚ ਪੰਜ ਲੱਖ ਦੇ ਕਰੀਬ ਖਿਡਾਰੀ ਤਗ਼ਮਿਆਂ ਲਈ ਚੋਣ ਮਦਾਨ ਵਿਚ ਉਤਰਨਗੇ। ਜੇਤੂਆਂ ਨੂੰ 9 ਕਰੋੜ ਰੁਪਏ ਤੋਂ ਵੱਧ ਦੇ ਨਕਦ ਇਨਾਮ ਵੰਡੇ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਪੈਰਾ ਖੇਡਾਂ ਵਿੱਚ ਅਥਲੈਟਿਕਸ, ਬੈਡਮਿੰਟਨ ਅਤੇ ਪਾਵਰ ਲਿਫਟਿੰਗ ਨੂੰ ਵੀ ਸ਼ਾਮਲ ਕੀਤਾ ਗਿਆ ਏ। ਉਨਾਂ ਕਿਹਾ ਕਿ ਇਸ ਵੱਡੇ ਖੇਡ ਪ੍ਰਬੰਧ ਦਾ ਉਦੇਸ਼ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਾਉਣਾ ਏ ਤਾਂ ਜੋ ਉਨ੍ਹਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖਿਆ ਜਾ ਸਕੇ।

---------------------------------------------------------------

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 318ਵੇਂ ਸੰਪੂਰਨਤਾ ਦਿਵਸ ਸਮਾਗਮ ਅੱਜ ਤਲਵੰਡੀ ਸਾਬੋ ਸਥਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ, ਸ੍ਰੀ ਅਖ਼ੰਡ ਪਾਠ ਸਾਹਿਬ ਦੇ ਪ੍ਰਕਾਸ਼ ਹੋਣ ਦੇ ਨਾਲ ਹੀ ਰਸਮੀ ਤੌਰ 'ਤੇ ਸ਼ੁਰੂ ਹੋ ਗਏ। ਆਰੰਭਤਾ ਮਗਰੋਂ, ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਦੱਸਿਆ ਕਿ ਮੁੱਖ ਸਮਾਗਮ 29 ਅਗਸਤ ਨੂੰ ਹੋਣਗੇ,

ਜਿਨ੍ਹਾ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਨਾਲ ਜੋੜਨਗੇ ਜਦੋਂਕਿ ਸਮਾਗਮਾਂ ਵਿਚ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਅਤੇ ਉੱਚ ਧਾਰਮਿਕ ਸਖਸ਼ੀਅਤਾਂ ਹਾਜ਼ਰੀ ਭਰਨਗੀਆਂ। ਤਖ਼ਤ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਸੰਪੂਰਨਤਾ ਦਿਵਸ ਸਮਾਗਮਾਂ ’ਚ, ਦੇਸ਼ ਵਿਦੇਸ਼ ਤੋਂ ਸੰਗਤਾਂ ਦੀ ਆਮਦ ਦੇ ਮੱਦੇਨਜ਼ਰ ਰਿਹਾਇਸ਼ ਅਤੇ ਲੰਗਰਾਂ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ।

----------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ 4 ਸਤੰਬਰ ਅਤੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ 19 ਅਕਤੂਬਰ ਨੂੰ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਦੀ ਅਗਵਾਈ ਹੇਠ ਅੰਮ੍ਰਿਤਸਰ ਸ਼ਹਿਰ ਦੀਆਂ ਧਾਰਮਿਕ ਸਭਾ-ਸੁਸਾਇਟੀਆਂ ਦੀ ਨੁਮਾਇੰਦਗੀ ਨਾਲ ਇੱਕਤਰਤਾ ਕਰਕੇ ਗੁਰਪੁਰਬ ਸਬੰਧੀ ਹੋਣ

ਵਾਲੇ ਸਮਾਗਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਵੱਖ-ਵੱਖ ਨੁਮਾਇੰਦਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਕੀਤੇ ਜਾਣ ਵਾਲੇ ਸਮਾਗਮਾਂ ਸਬੰਧੀ ਸੁਝਾਅ ਦਿੱਤੇ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।

---------------------------------------------------------------

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਵੱਲੋਂ ਸਾਲ 2023-24 ਦੌਰਾਨ ਜਲੰਧਰ ਜ਼ਿਲ੍ਹੇ ਦੇ ਅਨੁਸੂਚਿਤ ਜਾਤੀ ਨਾਲ ਸਬੰਧਤ 210 ਯੋਗ ਲਾਭਪਾਤਰੀਆਂ ਨੂੰ ਇਕ ਕਰੋੜ 11 ਲੱਖ ਰੁਪਏ ਦੇ ਕਰਜ਼ੇ ਸਵੈ ਰੋਜ਼ਗਾਰ ਲਈ ਮੁਹੱਈਆ ਕਰਵਾਏ ਗਏ ਨੇ । ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 210 ਲਾਭਪਾਤਰੀਆਂ ਨੂੰ 1 ਕਰੋੜ 11 ਲੱਖ ਰੁਪਏ ਕਰਜ਼ੇ ਮੁਹੱਈਆ ਕਰਵਾਏ ਗਏ, ਜਿਸ ’ਤੇ ਖੇਤਰੀ ਦਫ਼ਤਰ ਜਲੰਧਰ ਵੱਲੋਂ ਕੁੱਲ 52.33 ਲੱਖ ਰੁਪਏ ਦੀ ਸਬਸਿਡੀ ਜਾਰੀ ਕੀਤੀ ਗਈ ਏ । ਉਨ੍ਹਾਂ ਦਸਿਆ ਕਿ ਇਨ੍ਹਾਂ

ਯੋਜਨਾਵਾਂ ਦਾ ਲਾਭ ਲੈਣ ਲਈ ਬਿਨੈਕਾਰ ਦੀ ਉਮਰ 18 ਤੋਂ 55 ਸਾਲ ਹੋਣੀ ਚਾਹੀਦੀ ਏ ।

---------------------------------------------------------------

ਅੱਜ ਜਲੰਧਰ, ਹੁਸ਼ਿਆਰਪੁਰ, ਮੋਗਾ, ਫਾਜ਼ਿਲਕਾ , ਮੋਹਾਲੀ ਸਮੇਤ ਸੂਬੇ ਦੇ ਵੱਖ-ਵੱਖ ਜ਼ਿਲਿਆਂ ਵਿਚ ਗਰਜ ਚਮਕ ਨਾਲ ਭਾਰੀ ਮੀਂਹ ਪਿਆ, ਜਿਸ ਨਾਲ ਮੌਸਮ ਬਹੁਤ ਸੁਹਾਵਣਾ ਹੋ ਗਿਆ। ਇਸ ਮੀਂਹ ਨਾਲ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਬੇਹੱਦ ਰਾਹਤ ਮਿਲੀ ਏ । ਮੌਸਮ ਵਿਭਾਗ ਨੇ, ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿੱਚ ਅੱਜ ਮੀਂਹ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਬੀਤੀ ਰਾਤ ਵੀ ਮੋਹਾਲੀ, ਪਟਿਆਲ਼ਾ, ਫਾਜ਼ਿਲਕਾ ਤੇ ਫਤਹਿਗੜ੍ਹ ਸਮੇਤ ਕਈ ਥਾਂਈਂ ਮੀਂਹ ਪਿਆ ਤੇ ਹੁਣ ਵੀ ਜਲੰਧਰ ਸਮੇਤ ਹੋਰਨਾਂ ਕਈ ਥਾਵਾਂ 'ਤੇ ਬੱਦਲਵਾਈ ਬਣੀ ਹੋਈ ਏ । ਇਸ ਤੋਂ ਇਲਾਵਾ ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਨਵਾਂਸ਼ਹਿਰ, ਰੂਪਨਗਰ, ਮੋਹਾਲੀ, ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਮਾਨਸਾ ਅਤੇ ਬਠਿੰਡਾ 'ਚ ਮੀਂਹ ਪੈਣ ਦੀ ਸੰਭਾਵਨਾ ਦਸੀ ਗਈ

ਏ। ਓਧਰ ਸੂਬੇ ਦੇ ਵੱਖ ਵੱਖ ਜ਼ਿਲਿਆਂ ਤੋਂ ਆਮ ਲੋਕ ਅਤੇ ਖਾਸ ਕਰਕੇ ਕਿਸਾਨ ਵੀਰ, ਮੀਂਹ ਪੈਣ ਕਰਕੇ ਖੁਸ਼ ਨੇ।

---------------------------------------------------------------

ਪੈਰਿਸ ਪੈਰਾਲੰਪਿਕਸ 2024 ਕੱਲ ਤੋਂ ਸ਼ੁਰੂ ਹੋ ਰਹੇ ਨੇ। ਗਿਆਰਾਂ ਦਿਨਾਂ ਤਕ ਲਗਾਤਾਰ ਚਲਣ ਵਾਲੀਆਂ ਖੇਡਾਂ ਬੁੱਧਵਾਰ ਨੂੰ ਸ਼ਾਨਦਾਰ ਉਦਘਾਟਨੀ ਸਮਾਗਮ ਤੋਂ ਬਾਅਦ ਸ਼ੁਰੂ ਹੋਣਗੀਆਂ ਅਤੇ ਅਗਲੇ ਮਹੀਨੇ ਦੀ 8 ਤਰੀਕ ਤੱਕ ਚੱਲਣਗੀਆਂ। ਇਸ ਵਾਰ ਭਾਰਤ, ਇਹਨਾਂ ਖੇਡਾਂ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਡਾ ਦਲ ਭੇਜ ਰਿਹਾ ਏ, ਜਿਸ ਵਿੱਚ 84 ਖਿਡਾਰੀ ਸ਼ਾਮਲ ਨੇ। ਇੱਕ ਵੀਡੀਓ ਸੰਦੇਸ਼ ਵਿੱਚ, ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ ਡਾ: ਮਨਸੁਖ ਮਾਂਡਵਿਆ ਨੇ ਭਾਰਤੀ ਦਲ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਨਾਗਰਿਕਾਂ ਨੂੰ "ਚੀਅਰ 4 ਭਾਰਤ" ਦੇ ਨਾਅਰੇ ਲਗਾ ਕੇ ਅਥਲੀਟਾਂ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

---------------------------------------------------------------

ਸਟਾਰ ਬੱਲੇਬਾਜ਼ ਹਰਮਨਪ੍ਰੀਤ ਕੌਰ ਆਈ.ਸੀ.ਸੀ ਔਰਤ ਟੀ-20

ਕ੍ਰਿਕਟ ਵਿਸ਼ਵ ਕੱਪ-2024 ਲਈ, 15 ਮੈਂਬਰੀ ਭਾਰਤੀ ਟੀਮ ਦੀ ਕਪਤਾਨ ਜਦਕਿ ਸਮ੍ਰਿਤੀ ਮੰਧਾਨਾ ਟੀਮ ਦੀ ਉਪ ਕਪਤਾਨ ਹੋਵੇਗੀ। ਕ੍ਰਿਕਟ ਟੂਰਨਾਮੈਂਟ 3 ਤੋਂ 20 ਅਕਤੂਬਰ ਤੱਕ ਦੁਬਈ ਅਤੇ ਸ਼ਾਰਜਾਹ ਵਿੱਚ ਖੇਡਿਆ ਜਾਵੇਗਾ । ਭਾਰਤ ਆਸਟ੍ਰੇਲੀਆ, ਨਿਊਜ਼ੀਲੈਂਡ, ਪਾਕਿਸਤਾਨ ਅਤੇ ਸ੍ਰੀਲੰਕਾ ਗਰੁੱਪ-ਏ ਵਿਚ ਨੇ ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਲਕੇ, ਨਵੀਂ ਦਿੱਲੀ ਵਿੱਚ ਪੁਲਿਸ ਖੋਜ ਅਤੇ ਵਿਕਾਸ ਬਿਊਰੋ ਦੇ 54ਵੇਂ ਸਥਾਪਨਾ ਦਿਵਸ ਸਮਾਗਮ ਵਿੱਚ ਸ਼ਾਮਲ ਹੋਣਗੇ ।
- ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਵੱਲੋਂ, ਪਟਿਆਲਾ ਦੇ ਸਰਕਾਰੀ ਮਹਿੰਦਰਾ ਕਾਲਜ ’ਚ 3 ਦਿਨਾਂ ਚਿੱਤਰ ਪ੍ਰਦਰਸ਼ਨੀ ਦਾ ਆਗਾਜ਼ ।
- ਜਲੰਧਰ ਸਮੇਤ ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਅੱਜ ਸ਼ਾਮ ਗਰਜ ਚਮਕ ਨਾਲ ਪਏ ਭਾਰੀ ਮੀਂਹ ਨੇ ਮੌਸਮ ਸੁਹਾਵਣਾ ਕੀਤਾ ।

- ਪੈਰਿਸ ਪੈਰਾਲੰਪਿਕਸ-2024 ਕੱਲ ਤੋਂ ਸ਼ੁਰੂ ਹੋਣਗੀਆਂ - ਕੇਂਦਰੀ ਖੇਡ ਮੰਤਰੀ ਡਾ: ਮਨਸੁਖ ਮਾਂਡਵਿਆ ਨੇ  ਨਾਗਰਿਕਾਂ ਨੂੰ "ਚੀਅਰ 4 ਭਾਰਤ" ਦੇ ਨਾਅਰੇ ਲਗਾ ਕੇ ਅਥਲੀਟਾਂ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।